**ਪਉੜੀ ॥ ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ ॥ ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ ॥ ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ ॥ ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ ॥ ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ ॥੨੦॥ {ਪੰਨਾ 91}**

ਪਦਅਰਥ:- ਸਤਿਗੁਰ ਸਾਖੀਐ—ਗੁਰੂ ਦੀ ਸਿੱਖਿਆ ਦੀ ਰਾਹੀਂ। ਸੰਗਿ—ਸੰਗਤਿ ਵਿਚ। ਨਿਧਾਨੁ-ਖ਼ਜ਼ਾਨਾ। ਮਿਹਰਵਾਨ—ਹੇ ਮਿਹਰਵਾਨ! ਗੁਣ ਗਾਇ—ਗੁਣ ਗਾ ਕੇ। ਲਾਖੀਐ—ਸਮਝ ਲਈਦਾ ਹੈ। ਸਚੁ—ਸਦਾ-ਥਿਰ ਪ੍ਰਭੂ।

ਅਰਥ:- ਜੇਹੜਾ ਕੰਮ ਤੋੜ ਚਾੜ੍ਹਨ ਦੀ ਇੱਛਾ ਹੋਵੇ, ਉਸਦੀ (ਪੂਰਨਤਾ ਲਈ) ਪ੍ਰਭੂ ਕੋਲ ਬੇਨਤੀ ਕਰਨੀ ਚਾਹੀਦੀ ਹੈ, (ਇਸ ਤਰ੍ਹਾਂ) ਸਤਿਗੁਰੂ ਦੀ ਸਿੱਖਿਆ ਦੀ ਰਾਹੀਂ ਸਦਾ-ਥਿਰ ਪ੍ਰਭੂ ਕਾਰਜ ਸਵਾਰ ਦੇਂਦਾ ਹੈ। ਸੰਤਾਂ ਦੀ ਸੰਗਤਿ ਵਿਚ ਨਾਮ-ਖ਼ਜ਼ਾਨਾ ਮਿਲਦਾ ਹੈ, ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਚੱਖ ਸਕੀਦਾ ਹੈ। (ਸੋ ਇਹ ਬੇਨਤੀ ਕਰਨੀ ਚਾਹੀਦੀ ਹੈ ਕਿ) ਹੇ ਡਰ ਨਾਸ ਕਰਨ ਵਾਲੇ ਤੇ ਦਇਆ ਕਰਨ ਵਾਲੇ ਹਰੀ! ਦਾਸ ਦੀ ਲਾਜ ਰੱਖ ਲੈ। ਹੇ ਨਾਨਕ! (ਇਸ ਤਰ੍ਹਾਂ) ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਅਲੱਖ ਪ੍ਰਭੂ ਨਾਲ ਸਾਂਝ ਪਾ ਲਈਦੀ ਹੈ। 20।